ਬਿਲਾਵਲੁ ਮਹਲਾ ੫ ॥ ਤਾਪ ਪਾਪ ਤੇ ਰਾਖੇ ਆਪ ॥ ਸੀਤਲ ਭਏ ਗੁਰ ਚਰਨੀ ਲਾਗੇ ਰਾਮ ਨਾਮ ਹਿਰਦੇ ਮਹਿ ਜਾਪ ॥੧॥ ਰਹਾਉ ॥ ਕਰਿ ਕਿਰਪਾ ਹਸਤ ਪ੍ਰਭਿ ਦੀਨੇ ਜਗਤ ਉਧਾਰ ਨਵ ਖੰਡ ਪ੍ਰਤਾਪ ॥ ਦੁਖ ਬਿਨਸੇ ਸੁਖ ਅਨਦ ਪ੍ਰਵੇਸਾ ਤ੍ਰਿਸਨ ਬੁਝੀ ਮਨ ਤਨ ਸਚੁ ਧ੍ਰਾਪ ॥੧॥ ਅਨਾਥ ਕੋ ਨਾਥੁ ਸਰਣਿ ਸਮਰਥਾ ਸਗਲ ਸ੍ਰਿਸਟਿ ਕੋ ਮਾਈ ਬਾਪੁ ॥ ਭਗਤਿ ਵਛਲ ਭੈ ਭੰਜਨ ਸੁਆਮੀ ਗੁਣ ਗਾਵਤ ਨਾਨਕ ਆਲਾਪ ॥੨॥੨੦॥੧੦੬॥ {ਪੰਨਾ 825}

ਪਦਅਰਥ:- ਤਾਪ ਤੇ—ਦੁੱਖਾਂ-ਕਲੇਸ਼ਾਂ ਤੋਂ। ਰਾਖੇ—ਬਚਾਂਦਾ ਹੈ। ਸੀਤਲ—ਸ਼ਾਂਤ। ਮਹਿ—ਵਿਚ।1। ਰਹਾਉ।

ਕਰਿ—ਕਰ ਕੇ। ਹਸਤ—ਹੱਥ। ਪ੍ਰਭਿ—ਪ੍ਰਭੂ ਨੇ। ਜਗਤ ਉਧਾਰ—ਸਾਰੇ ਜਗਤ ਨੂੰ ਪਾਰ ਉਤਾਰਨ ਵਾਲਾ। ਨਵਖੰਡ—ਨੌ ਖੰਡਾਂ ਵਿਚ, ਸਾਰੇ ਸੰਸਾਰ ਵਿਚ। ਪ੍ਰਤਾਪ—ਤੇਜ। ਸਚੁ—ਸਦਾ-ਥਿਰ ਹਰੀ-ਨਾਮ। ਧ੍ਰਾਪ—ਰੱਜ ਜਾਂਦੇ ਹਨ।1।

ਕੋ—ਦਾ। ਨਾਥੁ—ਖਸਮ। ਸਰਣਿ ਸਮਰਥਾ—ਸਰਨ ਪਏ ਦੀ ਸਹਾਇਤਾ ਕਰਨ-ਜੋਗਾ। ਭਗਤਿ ਵਛਲ—ਭਗਤੀ ਨੂੰ ਪਿਆਰ ਕਰਨ ਵਾਲਾ ਹੈ। ਭੈ ਭੰਜਨ—ਸਾਰੇ ਡਰ ਨਾਸ ਕਰਨ ਵਾਲਾ। ਆਲਾਪ—ਉਚਾਰਨ ਕਰ।2।

ਅਰਥ:- ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਚਰਨੀਂ ਲੱਗਦੇ ਹਨ ਅਤੇ ਪਰਮਾਤਮਾ ਦਾ ਨਾਮ ਹਿਰਦੇ ਵਿਚ ਜਪਦੇ ਹਨ, ਉਹਨਾਂ ਦੇ ਹਿਰਦੇ ਠੰਢੇ-ਠਾਰ ਹੋ ਜਾਂਦੇ ਹਨ ਕਿਉਂਕਿ ਪਰਮਾਤਮਾ ਆਪ ਉਹਨਾਂ ਨੂੰ ਸਾਰੇ ਦੁੱਖਾਂ-ਕਲੇਸ਼ਾਂ ਤੋਂ ਵਿਕਾਰਾਂ ਤੋਂ ਬਚਾ ਲੈਂਦਾ ਹੈ।1। ਰਹਾਉ।

(ਹੇ ਭਾਈ! ਜੇਹੜੇ ਮਨੁੱਖ ਗੁਰੂ ਦੀ ਸਰਨ ਪੈ ਕੇ ਪ੍ਰਭੂ ਦਾ ਨਾਮ ਜਾਪਦੇ ਹਨ) ਪ੍ਰਭੂ ਨੇ ਸਦਾ ਮੇਹਰ ਕਰ ਕੇ ਆਪਣੇ ਹੱਥ (ਉਹਨਾਂ ਦੇ ਸਿਰ ਉਤੇ) ਰੱਖੇ ਹਨ। ਉਹ ਪ੍ਰਭੂ ਸਾਰੇ ਜਗਤ ਨੂੰ ਪਾਰ ਲੰਘਾਣ ਵਾਲਾ ਹੈ, ਉਸ ਦਾ ਤੇਜ ਸਾਰੇ ਸੰਸਾਰ ਵਿਚ ਚਮਕ ਰਿਹਾ ਹੈ। (ਸਿਮਰਨ ਕਰਨ ਵਾਲੇ ਮਨੁੱਖਾਂ ਦੇ) ਸਾਰੇ ਦੁੱਖ ਨਾਸ ਹੋ ਜਾਂਦੇ ਹਨ, ਉਹਨਾਂ ਦੇ ਹਿਰਦੇ ਵਿਚ ਸੁਖ ਆਨੰਦ ਆ ਵੱਸਦੇ ਹਨ, ਸਦਾ-ਥਿਰ ਹਰਿ-ਨਾਮ ਜਪ ਕੇ ਉਹਨਾਂ ਦੀ ਤ੍ਰਿਸ਼ਨਾ ਮਿਟ ਜਾਂਦੀ ਹੈ, ਉਹਨਾਂ ਦਾ ਮਨ ਰੱਜ ਜਾਂਦਾ ਹੈ, ਉਹਨਾਂ ਦਾ ਸਰੀਰ (ਇੰਦ੍ਰੇ) ਰੱਜ ਜਾਂਦਾ ਹੈ।1।

ਹੇ ਨਾਨਕ! ਪਰਮਾਤਮਾ ਨਿਖਸਮਿਆਂ ਦਾ ਖਸਮ ਹੈ, ਸਰਨ ਆਇਆਂ ਦੀ ਸਹਾਇਤਾ ਕਰਨ-ਜੋਗ ਹੈ, ਸਾਰੀ ਸ੍ਰਿਸ਼ਟੀ ਦਾ ਮਾਂ-ਪਿਉ ਹੈ। ਉਹ ਮਾਲਕ-ਪ੍ਰਭੂ ਭਗਤੀ ਨੂੰ ਪਿਆਰ ਕਰਨ ਵਾਲਾ ਹੈ, ਸਾਰੇ ਡਰ ਦੂਰ ਕਰਨ ਵਾਲਾ ਹੈ, ਉਸ ਦੇ ਗੁਣ ਗਾ ਗਾ ਕੇ ਉਸ ਦਾ ਨਾਮ ਜਪਿਆ ਕਰ।2। 20। 106।